## VIGILANCE BUREAU PUNJAB

### Vigilance nabs ASI for taking bribe

Chandigarh, September 27: Punjab Vigilance Bureau nabbed an Assistant Sub Inspector (ASI) posted at City police station, Phagwara, Kapurthala district red handed while accepting bribe of Rs 10,000/-.

Disclosing this here an official spokesperson of the Vigilance Bureau said ASI Jasbir Singh was nabbed red handed on the complaint of Ashwani Kumar of Phagwara city. The complainant has approached the VB and alleged that the accused ASI was demanding Rs 30,000 to take action on a complaint lodged by him.

After verifying his information, the vigilance team laid a trap and the accused ASI was arrested on the spot while taking bribe of Rs. 10000 as a first instalment from the complainant in the presence of two official witnesses.

He informed that a case under Prevention of Corruption Act has been registered against the accused VB police station Jalandhar and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 27 ਸਤੰਬਰ: ਪੰਜਾਬ ਵਿਜੀਲੈਂਸ ਬਿਊਰੋ ਨੇ ਥਾਣਾ ਸਿਟੀ ਫਗਵਾੜਾ ਜਿਲਾ ਕਪੂਰਥਲਾ ਵਿਖੇ ਤਾਇਨਾਤ ਏ.ਐਸ.ਆਈ. ਜਸਬੀਰ ਸਿੰਘ ਨੂੰ 10000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਅਸ਼ਵਰੀ ਕੁਮਾਰ ਵਾਸੀ ਫਗਵਾੜਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਵਲੋ ਦਿੱਤੀ ਦਰਖਾਸਤ ’ਤੇ ਕਾਰਵਾਈ ਕਰਨ ਬਦਲੇ ਉਕਤ ਏ.ਐਸ.ਆਈ ਵਲੋਂ 30,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।